Vigilance Bureau Punjab

## Vigilance nabs Patwari red handed taking bribe

Chandigarh, February 28: State Vigilance Bureau today nabbed a revenue Patwari posted at Babri Nangal, Gurdaspur district red handed for accepting bribe.

Disclosing this here today a spokesperson of Vigilance Bureau Punjab said Bikramjeet Singh, Patwari, posted at revenue halqa Babri Nangal in Gurdaspur district was caught red handed on the complaint of Mr. Chechal Singh of village Babri Nangal, district Gurdaspur.

Giving details he said the complainant has approached the VB and alleged that the above named patwari was demanding bribe of Rs. 10000/- in lieu of to change names in land records of his family members.

After verifying his complaint the VB team laid a trap and the accused was caught red handed and tainted money was recovered from him in the presence of two official witnesses.

He informed that a case under Prevention of Corruption Act has been registered against the accused at VB police Amritsar and further investigation was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

## ਵਿਜੀਲੈਂਸ ਵਲੋਂ ਪਟਵਾਰੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ 28 ਫਰਵਰੀ: ਵਿਜੀਲੈਂਸ ਬਿਓਰੋ ਪੰਜਾਬ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਮਾਲ ਹਲਕਾ ਬੱਬਰੀ ਨੰਗਲ ਜਿਲਾ ਗੁਰਦਾਸਪੁਰ ਵਿਖੇ ਤਾਇਨਾਤ ਇਕ ਪਟਵਾਰੀ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦਸਿਆ ਕਿ ਪਟਵਾਰੀ ਬਿਕਰਮਜੀਤ ਸਿੰਘ, ਮਾਲ ਹਲਕਾ ਬੱਬਰੀ ਨੰਗਲ, ਗੁਰਦਾਸਪੁਰ ਨੂੰ ਸ਼ਿਕਾਇਤਕਰਤਾ ਚੈਚਲ ਸਿੰਘ, ਵਾਸੀ ਬੱਬਰੀ ਨੰਗਲ ਜਿਲਾ ਗੁਰਦਾਸਪੁਰ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦਸਿਆ ਕਿ ਉਕਤ ਪਟਵਾਰੀ ਵਲੋਂ ਉਸ ਦੀ ਭਰਾਵਾਂ ਨਾਲ ਸਾਂਝੀ ਜਮੀਨ ਦਾ ਆਪਸੀ ਤਬਾਦਲਾ ਕਰਨ ਬਦਲੇ 10000 ਰੁਪਏ ਦੀ ਮੰਗ ਕਰ ਰਿਹਾ ਹੈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਵਿਖੇ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

----------------------